ਨੰ: 11/44/2005-2ਸਿੱ.3/ 13941

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ
ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ,
ਮਡਾਹਰ ਕਲਾਂ (ਮੁਕਤਸਰ)।

ਮਿਤੀ,ਚੰਡੀਗੜ੍ਹ: 24.6.2005

ਵਿਸ਼ਾ:- ਸੀ.ਬੀ...ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸਨ ਕਰਾਉਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪਦੇ ਪੱਤਰ ਨੰ: ਨਿਲ ਮਿਤੀ ਨਿਲ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:), ਮੁਕਤਸਰ ਅਤੇ ਡੀ.ਪੀ.ਆਈ.ਪ੍ਰਾਈਵੇਟ ਏਡਿਡ (ਸ) ਦੀਆਂ ਸਿਫਾਰਸਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਸੀ.ਬੀ..ਐਸ.ਈ. ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਫੌਰਨ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੰਨਾ/2

Principal
Guru Gobind Singh Public School
Bari Wala Road MADHAR KALAN
Distt Muktsar (Punjab)

3 ਸੀ.ਬੀ.ਐਸ.ਈ. ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮਿਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਦਿਤਰਾਜ਼ਗੀਨਾਮਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4. ਤੁਸੀਂ ਖੁਦ ਜੇ ਤੁਹਾਡੀ ਮਿਨੇਜਮੈਂਟ ਇਸ ਵੀ ਯਕੀਨ ਬਣਾਏਗੀ ਕਿ ਤੁਹਾਡੇ ਸਿਖ੍ਹ ਦੇ ਸਿਖ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀਆਂ ਵੱਲੋਂ ਸਮੇਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲਿਖਤੀ ਸੂਚਨਾ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਿਸ਼ੇਸ਼ ਸਕੱਤਰ,ਸਕੂਲ ਸਿੱਖਿਆ

ਪਿੱਠ ਅੰਕਣ ਨੰ:11/44/2005-2ਸਿ.3/ ਮਿਤੀ,ਚੰਡੀਗੜ੍ਹ:

ਉਪਰੋਕਤ ਡਾਇਰੈਕਟਰ, ਸਿੱਖਿਆ ਵਿਭਾਗ,ਪ੍ਰਾਈਵੇਟ ਏਡਿਡ (ਸ),ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ:15/34-2005-ਗ੍ਰਾਂਟ-1(1) ਮਿਤੀ 23-6-2005 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸਨ ਹਰ ਹਾਲਤ ਵਿੱਚ ਕਰਵਾਏ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ,ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਵਿਸ਼ੇਸ਼ ਸਕੱਤਰ,ਸਕੂਲ ਸਿੱਖਿਆ

Principal
Guru Gobind Singh
Bari Wala Road
Distt. Muktsar (Punjab)